ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

## ਜ਼ਿਲਾ ਮੈਜਿਸਟਰੇਟ ਵੱਲੋਂ ਆਯੁਸ਼, ਹੋਮਿਓਪੈਥੀ ਅਤੇ ਆਯੁਰਵੈਦਿਕ ਪਰੈਕਟਿਸ਼ਨਰ ਨੂੰ ਕਰਫਿਊ ਤੋਂ ਛੋਟ

### ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਕੰਮ ਕਰ ਸਕਣਗੇ

ਫਰੀਦਕੋਟ 31 ਮਾਰਚ,2020 ( ) ਜ਼ਿਲਾ ਮੈਜਿਸਟਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ ਏ ਐਸ ਨੇ ਮਿਤੀ 23-3-2020 ਤੋਂ ਜ਼ਿਲੇ ਵਿਚ ਲਗਾਏ ਗਏ ਕਰਫਿਊ ਉਪਰੰਤ ਆਮ ਲੋਕਾਂ ਨੂੰ ਮੈਡੀਕਲ ਸੇਵਾਵਾਂ ਦਵਾਈਆਂ ਮੁਹੱਈਆ ਕਰਵਾਉਣ ਲਈ ਜਿਲ੍ਹੇ ਦੇ ਆਯੂਸ਼, ਹੋਮਿਓਪੈਥੀ ਅਤੇ ਆਯੁਰਵੈਦਿਕ ਪਰੈਕਟਿਸ਼ਨਰ ਨੂੰ ਕਰਫਿਊ ਤੋਂ ਛੋਟ ਦਿੱਤੀ ਹੈ।

ਜ਼ਿਲਾ ਮੈਜਿਸਟਰੇਟ ਨੇ ਦੱਸਿਆ ਆਮ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਜਿਲ੍ਹੇ ਦੇ ਆਯੂਸ਼, ਹੋਮਿਓਪੈਥੀ ਅਤੇ ਆਯੁਰਵੈਦਿਕ ਪਰੈਕਟਿਸ਼ਨਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਕਰਫਿਊ ਤੋਂ ਛੋਟ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਦਵਾਈ ਵਿਕਰੇਤਾ ਕੇਵਲ ਹੋਮ ਡਿਲਵਰੀ ਕਰਨਗੇ ਅਤੇ ਆਮ ਜਨਤਾ ਨੂੰ ਆਪਣੀ ਦੁਕਾਨ ਤੇ ਕੋਈ ਵੀ ਦਵਾਈ ਨਹੀਂ ਵੇਚਣਗੇ। ਉਨਾਂ ਕਿਹਾ ਕਿ ਕੰਮ ਦੌਰਾਨ ਉਹ ਕੰਮ ਦੌਰਾਨ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਉਣਗੇ ਅਤੇ ਦਵਾਈ ਸਪਲਾਈ ਕਰਨ ਸਮੇਂ ਸਮਾਜਿਕ ਦੂਰੀ 1 ਤੋਂ 2 ਮੀਟਰ ਬਣਾਈ ਰੱਖਣ ਨੂੰ ਯਕੀਨੀ ਬਣਾਉਣਗੇ।ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹੇ ਦੇ ਪੋਸਟ ਆਫਿਸ ਨੂੰ ਕਰਫਿਊ ਤੋਂ ਛੋਟ-ਜਿਲ੍ਹਾ ਮੈਜਿਸਟ੍ਰੇਟ

ਸਵੇਰੇ 10 ਵਜੇ ਤੋਂ ਸ਼ਾਮ 2 ਵਜੇ ਤੱਕ ਖੁੱਲ੍ਹਣਗੇ ਜਿਲ੍ਹੇ ਦੇ 6 ਪੋਸਟ ਆਫਿਸ

ਫਰੀਦਕੋਟ 31 ਮਾਰਚ,2020 ( ) ਜ਼ਿਲਾ ਮੈਜਿਸਟਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ ਏ ਐਸ ਨੇ ਮਿਤੀ 23-3-2020 ਤੋਂ ਜ਼ਿਲੇ ਵਿਚ ਲਗਾਏ ਗਏ ਕਰਫਿਊ ਉਪਰੰਤ ਜ਼ਰੂਰੀ ਸੇਵਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਜਿਲ੍ਹਾ ਫਰੀਦਕੋਟ ਦੇ ਡਾਕ ਖਾਨਿਆਂ ਨੂੰ ਨਿਯਮਤ ਤੌਰ ਤੇ ਕੰਮ ਕਰਨ ਲਈ ਕਰਫਿਊ ਤੋਂ ਛੋਟ ਦਿੱਤੀ ਹੈ।

ਜ਼ਿਲਾ ਮੈਜਿਸਟਰੇਟ ਨੇ ਆਪਣੇ ਹੁਕਮ ਵਿੱਚ ਜਿੰਨਾ ਡਾਕ ਖਾਨਿਆਂ ਨੂੰ ਖੋਲ੍ਹਣ ਦੀ ਮਨਜ਼ੂਰੀ ਦਿੱਤੀ ਹੈ। ਉਨ੍ਹਾਂ ਵਿੱਚ ਫਰੀਦਕੋਟ ਹੈੱਡ ਪੋਸਟ ਆਫਿਸ, ਹਰਿੰਦਰਾ ਨਗਰ ਪੋਸਟ ਆਫਿਸ ਫਰੀਦਕੋਟ, ਕੋਟਕਪੂਰਾ ਪੋਸਟ ਆਫਿਸ, ਜੈਤੋ ਪੋਸਟ ਆਫਿਸ, ਪੰਜਗਰਾਈਂ ਕਲਾਂ ਪੋਸਟ ਆਫਿਸ, ਬਾਜਾਖਾਨਾ ਪੋਸਟ ਆਫਿਸ ਦੇ ਨਾਮ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਡਾਕਖਾਨੇ ਸਵੇਰੇ 10 ਵਜੇ ਤੋਂ 2 ਵਜੇ ਤੱਕ ਘੱਟੋਂ ਘੱਟ ਸਟਾਫ ਨਾਲ ਖੁੱਲ੍ਹਣਗੇ ਅਤੇ ਕੰਮ ਕਰਨਗੇ।

ਉਨਾਂ ਕਿਹਾ ਕਿ ਕੰਮ ਦੌਰਾਨ ਉਹ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਉਣਗੇ ਅਤੇ ਸੇਵਾਵਾਂ ਦੇਣ ਸਮੇਂ ਸਮਾਜਿਕ ਦੂਰੀ 1 ਤੋਂ 2 ਮੀਟਰ ਬਣਾਈ ਰੱਖਣ ਨੂੰ ਯਕੀਨੀ ਬਣਾਉਣਗੇ ਅਤੇ ਸੈਨੇਟਾਈਜ਼ਰ, ਮਾਸਕ, ਦਸਤਾਨੇ ਸਟਾਫ ਵੱਲੋਂ ਇਨ੍ਹਾਂ ਬਰਾਚਾਂ ਵਿੱਚ ਵਰਤੇ ਜਾਣਗੇ ਜ਼ਰੂਰੀ ਹੋਣਗੇ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਦੀ ਮੱਦਦ ਲਈ ਕੰਟਰੋਲ ਰੂਮ ਨੰ: 01639-250058 ਸਥਾਪਿਤ

ਸਵੇਰੇ 08:00 ਵਜੇ ਤੋਂ ਸ਼ਾਮ 08:00 ਵਜੇ ਤੱਕ ਕਿਸਾਨਾਂ ਦੀਆਂ ਮੁਸ਼ਕਿਲਾਂ ਸੁਣਨਗੇ ਅਧਿਕਾਰੀ

ਫਰੀਦਕੋਟ 31 ਮਾਰਚ ( ) ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੇ ਹੁਕਮਾਂ ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕੋਵਿਡ-19 ਮਹਾਂਮਾਰੀ ਦੇ ਅਤੇ ਕਰਫਿਊ ਦੌਰਾਨ ਕਿਸਾਨਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਲਈ ਅਤੇ ਕਿਸਾਨਾ ਦੀ ਸਹੂਲਤ ਲਈ ਜਿਲ੍ਹਾ ਪੱਧਰ ਤੇ ਕੰਟਰੋਲ ਰੂਮ ਸਥਾਪਿਤ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਹਰਨੇਕ ਸਿੰਘ ਰੋਡੇ ਨੇ ਦੱਸਿਆ ਕਿ ਹਾੜੀ ਦੀ ਵਾਡੀ ਦਾ ਸੀਜਨ ਸ਼ੁਰੂ ਹੋ ਰਿਹਾ ਹੈ।ਜਿਸ ਲਈ ਕਿਸਾਨਾਂ ਦੀਆਂ ਫਸਲਾਂ ਦੀ ਨਿਰਵਿਘਨ ਵਢਾਈ ਅਤੇ ਮੰਡੀਕਰਨ ਦੇ ਸਰਕਾਰ ਵੱਲੋਂ ਪੁਖਤਾ ਪ੍ਰਬੰਧ ਕਰ ਲਏ ਗਏ ਹਨ।ਉਨ੍ਹਾਂ ਦੱਸਿਆ ਕਿ ਸਾਉਣੀ ਦੀਆਂ ਫਸਲਾਂ ਲਈ ਵੀ ਬੀਜ/ਖਾਦ ਅਤੇ ਕੀਟਨਾਸ਼ਕਾਂ ਦਾ ਬੰਦੋਬਸਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੋਵਿਡ-19 ਸਬੰਧੀ ਹਦਾਇਤਾਂ ਦੀ ਪਾਲਣਾ ਦੇ ਮੱਦੇਨਜ਼ਰ ਖੇਤੀਬਾੜੀ ਵਿਭਾਗ ਜਿਲ੍ਹਾ ਫਰੀਦਕੋਟ ਵੱਲੋਂ ਮੁੱਖ ਖੇਤੀਬਾੜੀ ਅਫਸਰ ਦੇ ਦਫਤਰ ਵਿੱਚ ਜਿਲ੍ਹਾ ਪੱਧਰੀ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ ਜਿਸ ਦਾ ਨੰਬਰ 01639-250058 ਹੈ।ਕਿਸਾਨਾਂ ਦੀ ਸਹੂਲਤ ਲਈ ਡਾ.ਲਖਵੀਰ ਸਿੰਘ ਖੇਤੀਬਾੜੀ ਵਿਕਾਸ ਅਫਸਰ 7355276305, ਡਾ.ਪਰਮਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ 9988548971, ਡਾ. ਮਨਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ 9815390876,ਸ਼੍ਰੀ ਖੁਸ਼ਵੰਤ ਸਿੰਘ ਡੀ.ਪੀ.ਡੀ.(ਆਤਮਾ) 9877523733 ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ।ਇਹ ਅਧਿਕਾਰੀ ਸਵੇਰੇ 08:00 ਵਜੇ ਤੋਂ ਸ਼ਾਮ 08:00 ਵਜੇ ਤੱਕ ਕਿਸਾਨਾਂ ਦੀਆਂ ਸਮੱਸਿਆਵਾਂ ਸੁਣਨਗੇ ਅਤੇ ਉਨ੍ਹਾਂ ਦੇ ਹੱਲ ਦੱਸਣਗੇ।

ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਇਸਾਈ ਭਾਈਚਾਰੇ ਵੱਲੋਂ ਪਿੰਡ ਨਵਾਂ ਟਹਿਣਾ ਵਿਖੇ 50 ਗਰੀਬ ਲੋੜਵੰਦਾਂ ਨੂੰ ਵੰਡਿਆਂ ਰਾਸ਼ਣ

ਲੋੜਵੰਦ ਸਹਾਇਤਾ ਲਈ ਕਰ ਸਕਦੇ ਹਨ ਰੈੱਡ ਕਰਾਸ ਦੇ ਹੈਲਪ ਲਾਈਨ ਨੰਬਰ 01639-250228 ਤੇ ਸੰਪਰਕ-ਜਯੋਤੀ ਸਿੰਘ ਰਾਜ

ਫਰੀਦਕੋਟ 31 ਮਾਰਚ,2020 ( ) 23 ਮਾਰਚ ਤੋਂ ਜ਼ਿਲਾ ਫਰੀਦਕੋਟ ਵਿਚ ਲਗਾਏ ਗਏ ਕਰਫਿਊ ਉਪਰੰਤ ਜਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਲਗਾਤਾਰ ਲੋਕਾਂ ਨੂੰ ਰਾਸ਼ਨ, ਦਵਾਈਆਂ, ਸਬਜ਼ੀਆਂ, ਦੁੱਧ ਸਮੇਤ ਹੋਰ ਜ਼ਰੂਰੀ ਵਸਤਾਂ ਉਨਾਂ ਦੇ ਘਰਾਂ ਤੱਕ ਲੋੜੀਂਦੀ ਵਸਤਊਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਜਿਲ੍ਹਾ ਰੈਡ ਕਰਾਸ ਹਸਪਤਾਲ ਤੇ ਭਲਾਈ ਸ਼ਾਖਾ ਚੇਅਰਪਰਸਨ ਮੈਡਮ ਜਯੋਤੀ ਸਿੰਘ ਰਾਜ ਨੇ ਅੱਜ ਪਿੰਡ ਨਵਾਂ ਟਹਿਣਾ ਵਿਖੇ ਇਸਾਈ ਭਾਈਚਾਰੇ ਦੇ ਸਹਿਯੋਗ ਨਾਲ ਸੇਂਟ ਮੈਰੀਜ਼ ਕਾਨਵੈਂਟ ਸਕੂਲ ਦੇ ਪ੍ਰਿੰਸੀਪਲ ਫਾਦਰ ਵਿਨਸੈਂਟ ਨਾਲ ਜ਼ਰੂਰਤਮੰਦ ਲੋਕਾਂ ਨੂੰ ਲੋੜੀਂਦੀਆਂ ਵਸਤਾਂ ਵੰਡਣ ਮੌਕੇ ਕੀਤਾ।

ਮੈਡਮ ਜਯੋਤੀ ਸਿੰਘ ਰਾਜ ਨੇ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਅਤੇ ਰੈਡ ਕਰਾਸ ਸੰਸਥਾ ਵੱਲੋਂ ਲਗਾਤਾਰ ਲੋੜਵੰਦਾਂ ਲੋਕਾਂ ਤੱਕ ਰੋਜ਼ਾਨਾਂ ਵਰਤੋਂ ਵਿੱਚ ਆਉਣ ਵਾਲੀਆਂ ਘਰੇਲੂ ਜ਼ਰੂਰਤਾਂ ਦਾ ਸਮਾਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸੇ ਕੜੀ ਤਹਿਤ ਅੱਜ ਫਰੀਦਕੋਟ ਦੇ ਪਿੰਡ ਨਵਾਂ ਟਹਿਣਾ ਵਿੱਚ ਰੈੱਡ ਕਰਾਸ ਸੰਸਥਾ ਵੱਲੋਂ 50 ਲੋੜਵੰਦ ਪਰਿਵਾਰਾਂ ਦੀ ਪਹਿਚਣਾ ਕਰਕੇ ਉਨ੍ਹਾਂ ਨੂੰ ਰਾਸ਼ਨ, ਦਵਾਈਆਂ ਤੇ ਹੋਰ ਲੋੜੀਂਦਾ ਸਮਾਨ ਮੁਫਤ ਮੁਹੱਈਆ ਕਰਵਾਇਆ ਗਿਆ ਹੈ ੀਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਸ ਔਖੀ ਘੜੀ 'ਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਪੇਡੂ ਖੇਤਰਾਂ ਵਿਚ ਪੰਚਾਇਤਾਂ ਵੱਲੋਂ ਆਪਣੀ ਪੱਧਰ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਵੀ ਲੋੜਵੰਦਾਂ ਤੱਕ ਫਰੀ ਰਾਸ਼ਨ, ਦਵਾਈਆਂ ਮੁਹੱਈਆ ਕਰਵਾਇਆ ਜਾ ਰਿਹਾ ਹੈ ੀਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਲੋੜਵੰਦ ਪਰਿਵਾਰ ਨੂੰ ਕਿਸੇ ਚੀਜ਼ ਦੀ ਜ਼ਰੂਰਤ ਪੈਂਦੀ ਹੈ ਤਾਂ ਉਹ ਰੈੱਡ ਕਰਾਸ ਦੇ ਹੈਲਪ ਲਾਈਨ ਨੰਬਰ 01639-250228 ਤੇ ਸੰਪਰਕ ਕਰ ਸਕਦਾ ਹੈ ੀਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਰਫਿਊ ਦੌਰਾਨ ਸਰਕਾਰ ਵੱਲੋਂ ਲਗਾਈਆਂ ਗਈਆਂ ਪਾਬੰਦੀਆਂ ਦੀ ਵੀ ਪਾਲਣਾ ਕਰਨ ਅਤੇ ਸਮਾਜਿਕ ਦੂਰੀ ਬਣਾ ਕੇ ਰੱਖਣ ।

ਇਸ ਮੌਕੇ ਸ੍ਰੀ ਸੁਭਾਸ਼ ਕੁਮਾਰ ਸਕੱਤਰ ਰੈਡ ਕਰਾਸ ਭਲਾਈ ਸ਼ਾਖਾ, ਸ: ਗੁਰਬਿੰਦਰ ਸਿੰਘ ਸਰਪੰਚ ਪਿੰਡ ਨਵਾਂ ਟਹਿਣਾ ਆਦਿ ਮੌਜੂਦ ਸਨ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਪੰਜਾਬ ਸਰਕਾਰ ਵੱਲੋਂ 30 ਜਨਵਰੀ ਤੋਂ ਬਾਅਦ ਪਰਤੇ ਪਰਵਾਸੀ ਭਾਰਤੀਆਂ ਨੂੰ ਆਪਣੇ ਵੇਰਵੇ ਦੇਣ ਦੀ ਅਪੀਲ

## ਫਰੀਦਕੋਟ ਜ਼ਿਲ੍ਹੇ ਵਿੱਚ ਮੌਜੂਦ ਪ੍ਰਵਾਸੀ ਭਾਰਤੀਆਂ ਤੁਰੰਤ ਆਪਣੇ ਵੇਰਵੇ ਦੇਣ- ਕੁਮਾਰ ਸੌਰਭ ਰਾਜ

ਫਰੀਦਕੋਟ 31 ਮਾਰਚ ,2020 ( ) ਕੋਵਿਡ-19 ਨੂੰ ਕਾਬੂ ਪਾਉਣ ਲਈ ਸਿਰਤੋੜ ਕੋਸ਼ਿਸ਼ਾਂ ਕਰ ਰਹੀ ਪੰਜਾਬ ਸਰਕਾਰ ਨੇ 30 ਜਨਵਰੀ 2020 ਤੋਂ ਬਾਅਦ ਭਾਰਤ ਆਏ ਪਰਵਾਸੀ ਭਾਰਤੀਆਂ (ਐਨ.ਆਰ.ਆਈਜ਼) ਅਤੇ ਵਿਦੇਸ਼ ਯਾਤਰਾ ਤੋਂ ਪਰਤੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣਾ ਵੇਰਵਾ ਪੋਰਟਲ, ਲਿੰਕ/ਈਮੇਲ ਤੇ ਉਤੇ ਦਰਜ ਕਰਵਾਉਣ।

ਇਹ ਜਾਣਕਾਰੀ ਦਿੰਦਿਆਂ ਜਿਲ੍ਹਾ ਮੈਜਿਸਟਰੇਟ ਸ਼੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਇਸ ਸਬੰਧੀ ਇਕ ਸਵੈ ਘੋਸ਼ਣਾ ਪ੍ਰੋਫਾਰਮਾ ਵੀ ਜਾਰੀ ਕੀਤਾ ਹੈ, ਜਿਸ ਵਿੱਚ ਪਰਵਾਸੀ ਭਾਰਤੀਆਂ ਤੇ ਵਿਦੇਸ਼ ਯਾਤਰਾ ਤੋਂ ਪਰਤਣ ਵਾਲਿਆਂ ਨੂੰ ਆਪਣਾ ਪਾਸਪੋਰਟ ਨੰਬਰ, ਏਅਰਪੋਰਟ ਦਾ ਨਾਮ, ਭਾਰਤ ਆਉਣ ਦੀ ਤਰੀਕ ਅਤੇ ਪੰਜਾਬ ਆਉਣ ਦੀ ਤਰੀਕ ਜਿਹੇ ਵੇਰਵੇ ਦੇਣੇ ਹੋਣਗੇ। ਉਨਾਂ ਦੱਸਿਆ ਕਿ ਇਨਾਂ ਵਿਅਕਤੀਆਂ ਨੂੰ ਆਪਣੇ ਸਥਾਈ ਸਿਰਨਾਵੇਂ ਜਾਂ ਮੌਜੂਦਾ ਠਹਿਰ ਜਾਂ ਹੋਟਲ ਜੇ ਕੋਈ ਹੈ ਤਾਂ ਉਸ ਬਾਰੇ ਦੱਸਣਾ ਪਵੇਗਾ। ਉਨਾਂ ਨੂੰ ਪੰਜਾਬ ਵਿਚਲੀਆਂ ਆਪਣੀਆਂ ਜਾਣ ਵਾਲੀਆਂ ਵਾਲੀਆਂ ਥਾਵਾਂ ਅਤੇ ਸੰਪਰਕ ਨੰਬਰ ਜਿਵੇਂ ਕਿ ਮੋਬਾਈਲ, ਲੈਂਡਲਾਈਨ ਅਤੇ ਈ-ਮੇਲ ਪਤੇ ਬਾਰੇ ਵੀ ਦੱਸਣਾ ਹੋਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਜੇ ਕਿਸੇ ਪਰਵਾਸੀ ਭਾਰਤੀ ਜਾਂ ਵਿਦੇਸ਼ ਤੋਂ ਪਰਤਣ ਵਾਲੇ ਵਿਅਕਤੀ ਨੇ ਆਪਣੇ ਵੇਰਵੇ ਜਾਣ-ਬੁੱਝ ਕੇ ਸਰਕਾਰ ਤੋਂ ਲੁਕਾਏ ਤਾਂ ਸਬੰਧਤ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਉਣ ਬਾਰੇ ਵਿਚਾਰ ਕੀਤਾ ਜਾਵੇਗਾ। ਉਨਾਂ ਕਿਹਾ ਕਿ ਪਰਵਾਸੀ ਭਾਰਤੀ ਇਹ ਜਾਣਕਾਰੀ ਹੈਲਪਲਾਈਨ ਨੰਬਰ 112 ਤੋਂ ਇਲਾਵਾ ਈ-ਮੇਲ punjabpolice.gov.in ਅਤੇ ਵੈੱਬਸਾਈਟ https://ners.in/ ਉਤੇ ਵੀ ਭਰ ਸਕਦੇ ਹਨ। ਇਸ ਤੋਂ ਇਲਾਵਾ ਉਹ ਇਹ ਜਾਣਕਾਰੀ 112 ਮੋਬਾਈਲ ਐਪ ਉਤੇ ਵੀ ਦਰਜ ਕਰ ਸਕਦੇ ਹਨ।

ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

## ਜਿਲ੍ਹਾ ਮੈਜਿਸਟ੍ਰੇਟ ਵੱਲੋਂ ਅਖਬਾਰਾਂ ਵੰਡਣ ਦੀ ਛੋਟ ਵਿੱਚ ਸ਼ਰਤਾਂ ਸਹਿਤ ਵਾਧਾ

ਫਰੀਦਕੋਟ, 31 ਮਾਰਚ 2020 (    ) ਜਿਲ੍ਹਾ ਮੈਜਿਸਟਰੇਟ ਫਰੀਦਕੋਟ ਨੇ ਮਿਤੀ 23-03-2020 ਨੂੰ ਜਿਲ੍ਹਿਆਂ ਅੰਦਰ ਲਗਾਏ ਗਏ ਕਰਫਿਊ ਉਪਰੰਤ ਹਰ ਰੋਜ਼ ਪ੍ਰਕਾਸ਼ਤ ਹੋਣ ਵਾਲੀਆਂ ਅਖਬਾਰਾਂ ਸ਼ਹਿਰਾਂ ਵਿਚ ਸਪਲਾਈ ਕਰਨ ਲਈ ਮਿਤੀ 24 ਮਾਰਚ 2020 ਤੋਂ 31 ਮਾਰਚ 2020 ਤੱਕ ਸਵੇਰੇ 06.00 ਵਜੇ ਤੋਂ ਸਵੇਰੇ 08.00 ਵਜੇ ਤੱਕ ਸਮਾਂ ਮੁਕੱਰਰ ਕੀਤਾ ਸੀ। ਜਿਲ੍ਹਾ ਮੈਜਿਸਟ੍ਰੇਟ ਨੇ ਇਨ੍ਹਾਂ ਹੁਕਮਾਂ ਨੂੰ ਪਹਿਲੀਆਂ ਸ਼ਰਤਾਂ ਤਹਿਤ ਅਗਲੇ ਹੁਕਮਾਂ ਤੱਕ ਵਾਧਾ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਹੌਕਰ ਸਬੰਧਤ ਅਖਬਾਰਾਂ ਨੂੰ ਸ਼ਹਿਰ ਵਿਚ ਸਪਲਾਈ ਕਰਨ ਉਪਰੰਤ ਆਪਣੇ-ਆਪਣੇ ਘਰਾਂ ਵਿਚ ਚਲੇ ਜਾਣਗੇ। ਇਹ ਸਾਰੀਆਂ ਅਖਬਾਰਾਂ ਘਰਾਂ ਵਿਚ ਹੀ ਸਪਲਾਈ ਕੀਤੀਆਂ ਜਾਣਗੀਆਂ। ਅਖਬਾਰਾਂ ਦੀ ਸੇਲ ਲਈ ਕੋਈ ਵੱਖਰਾ ਸਟਾਲ ਨਹੀਂ ਲਗਾਇਆ ਜਾਵੇਗਾ। ਆਮ ਜਨਤਾ ਆਪਣੇ ਘਰਾਂ ਵਿਚ ਹੀ ਰਹੇਗੀ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

– ਜ਼ਿਲ੍ਹਾ ਪ੍ਰਸ਼ਾਸਨ ਲੋੜਵੰਦਾਂ ਤੱਕ ਦਵਾਈਆਂ, ਰਾਸ਼ਨ ਤੇ ਹੋਰ ਜ਼ਰੂਰੀ ਸਮਾਨ ਪਹੁੰਚਾਉਣ ਲਈ ਵੱਚਨਬੱਧ- ਕੁਮਾਰ ਸੌਰਭ ਰਾਜ

– 12000 ਪਰਿਵਾਰਾਂ ਨੂੰ ਲੋੜ ਅਨੁਸਾਰ ਦਵਾਈਆਂ ਸਬਜ਼ੀਆਂ,ਰਾਸ਼ਨ ਆਦਿ ਮੁਹੱਈਆ ਕਰਵਾਇਆ ਗਿਆ

– 4100 ਪਰਿਵਾਰਾਂ ਨੂੰ ਲੋੜ ਅਨੁਸਾਰ ਰਾਸ਼ਨ ਦੇ ਪੈਕਟ ਵੰਡੇ ਗਏ

– 66000 ਤੋਂ ਵੱਧ ਲੋਕਾਂ ਨੂੰ ਪੱਕਿਆਂ ਭੋਜਨ ਪੈਕਟਾਂ ਰਾਹੀਂ ਵੰਡਿਆ ਗਿਆ

– ਪਿੰਡਾਂ ਵਿਚ ਪੰਚਾਇਤਾਂ ਕਰ ਰਹੀਆਂ ਹਨ ਗਰੀਬ ਤੇ ਲੋੜਵੰਦਾਂ ਦੀ ਮਦਦ

ਫਰੀਦਕੋਟ 31 ਮਾਰਚ, 2020 ( ) ਜ਼ਿਲ੍ਹਾ ਪ੍ਰਸ਼ਾਸਨ ਫਰੀਦਕੋਟ, ਜ਼ਿਲ੍ਹਾ ਰੈਡ ਕਰਾਸ ਸੰਸਥਾ ਅਤੇ ਜ਼ਿਲ੍ਹੇ ਦੀਆਂ ਹੋਰ ਵੱਖ ਵੱਖ ਸਵੈ ਸੇਵੀ ਸੰਸਥਾਵਾਂ ਫਰੀਦਕੋਟ ਜ਼ਿਲ੍ਹੇ ਵਿਚ 23 ਮਾਰਚ ਨੂੰ ਲਗਾਏ ਕਰਫਿਊ ਉਪਰੰਤ ਗਰੀਬ ਤੇ ਲੋੜਵੰਦ ਪਰਿਵਾਰਾਂ ਜਿਨ੍ਹਾਂ ਕੋਲ ਆਪਣੀ ਰੋਜੀ ਰੋਟੀ ਦਾ ਕੋਈ ਸਾਧਨ ਨਹੀਂ ਸੀ ਨੂੰ ਖਾਣਾ, ਦਵਾਈਆਂ, ਸਬਜ਼ੀਆਂ ਆਦਿ ਦੀ ਸਪਲਾਈ ਤਰਜੀਹੀ ਆਧਾਰ ਤੇ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਜਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਆਈ ਏ ਐਸ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਕਲ ਤੱਕ ਗਰੀਬ ਤੇ ਲੋੜਵੰਦਾਂ ਨੂੰ 4100 ਪੈਕਟ ਵੰਡੇ ਜਾ ਚੁੱਕੇ ਹਨ ਜਿਸ ਵਿਚ ਆਟਾ, ਦਾਲਾਂ,ਚਾਵਲ, ਮਸਾਲੇ, ਤੇਲ ਆਦਿ ਵਸਤਾਂ ਸ਼ਾਮਲ ਹਨ ਅਤੇ ਇਸ ਨਾਲ ਇਕ ਪਰਿਵਾਰ ਦਾ ਇਕ ਹਫਤੇ ਤੱਕ ਦਾ ਗੁਜ਼ਾਰਾ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਸੰਸਥਾਵਾਂ ਤੇ ਰੈਡ ਕਰਾਸ ਦੇ ਸਹਿਯੋਗ ਨਾਲ 66000 ਤੋਂ ਵੱਧ ਪੱਕੇ ਹੋਏ ਭੋਜਨ ਦੇ ਪੈਕਟ ਵੀ ਪੂਰੇ ਜ਼ਿਲ੍ਹੇ ਵਿਚ ਲੋੜਵੰਦਾਂ ਨੂੰ ਤਕਸੀਮ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ, ਰੈਡ ਕਰਾਸ ਅਤੇ ਸਵੈ ਸੇਵੀ/ਧਾਰਮਿਕ ਸੰਸਥਾਵਾਂ ਵੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਹਿਯੋਗ ਦੇ ਕੇ ਦਿਨ ਰਾਤ ਕਰਫਿਊ ਦੌਰਾਨ ਗਰੀਬ ਤੇ ਲੋੜਵੰਦਾਂ ਦੀ ਰਾਸ਼ਨ ਸਪਲਾਈ ਵਿਚ ਮੱਦਦ ਕਰ ਰਹੇ ਹਨ। ਇਸੇ ਤਰ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਵੀ ਪਿੰਡ ਪੱਧਰ ਤੇ ਗਰੀਬ ਤੇ ਲੋੜਵੰਦਾਂ ਦੀ ਪਹਿਚਾਣ ਕਰਕੇ ਉਨ੍ਹਾਂ ਨੂੰ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ 12000 ਪਰਿਵਾਰਾਂ ਨੂੰ ਲੋੜੀਂਦੀਆਂ ਵਸਤਾਂ ਜਿਵੇਂ ਕਿ ਰਾਸ਼ਨ ਸਬਜ਼ੀਆਂ ਦਵਾਈਆਂ ਆਦਿ ਵੀ ਮੁਹੱਈਆ ਕਰਵਾਈਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਕੱਲ ਸ਼ਾਮ ਤੱਕ ਜ਼ਿਲ੍ਹੇ ਵਿਚ 208 ਪ੍ਰਵਾਸੀ ਮਜ਼ਦੂਰਾਂ ਦੀ ਪਹਿਚਾਣ ਕੀਤੀ ਗਈ ਜਿਨ੍ਹਾਂ ਵਿਚੋਂ 53 ਪਰਿਵਾਰਾਂ ਨੂੰ ਲੋੜ ਅਨੁਸਾਰ ਰਾਸ਼ਨ ਤੇ ਹੋਰ ਸਮਾਨ ਵੀ ਮੁਹੱਈਆ ਕਰਵਾਇਆ ਗਿਆ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਰਫਿਊ ਦੇ ਨਿਯਮਾਂ ਦੀ ਪਾਲਣਾ ਕਰਨ ਅਤੇ ਕੋਰੋਨਾ ਵਰਗੀ ਭਿਆਨਕ ਬਿਮਾਰੀ ਨੂੰ ਅੱਗੇ ਵਧਣ ਤੋਂ ਰੋਕਣ ਲਈ ਆਪਣੇ ਘਰਾਂ ਵਿਚ ਹੀ ਰਹਿਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਹਰੇਕ ਲੋੜਵੰਦ ਤੱਕ ਜ਼ਰੂਰੀ ਵਸਤਾਂ ਪਹੁੰਚਾਉਣ ਲਈ ਵੱਚਨਬੱਧ ਹੈ ਤੇ ਆਮ ਲੋਕਾਂ ਨੂੰ ਦਵਾਈਆਂ, ਰਾਸ਼ਨ, ਦੁੱਧ ਤੇ ਹੋਰ ਸਮਾਨ ਆਦਿ ਫੋਨ ਕਾਲ ਮਿਲਣ ਤੇ ਸਬੰਧਤ ਦੁਕਾਨਦਾਰਾਂ ਵੱਲੋਂ ਲੋਕਾਂ ਦੇ ਘਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਕਿਸੇ ਵੀ ਜ਼ਿਲ੍ਹਾ ਵਾਸੀ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਆਉਂਦੀ ਹੈ ਤਾਂ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਨੰਬਰ 01639-250338/256060 ਤੇ ਕਿਸੇ ਵੀ ਸਮੇਂ ਸੰਪਰਕ ਕੀਤਾ ਜਾ ਸਕਦਾ ਹੈ।